ਸਾਰਗ ਮਹਲਾ ੫ ॥ ਮਨਿ ਤਨਿ ਰਾਮ ਕੋ ਬਿਉਹਾਰੁ ॥ ਪ੍ਰੇਮ ਭਗਤਿ ਗੁਨ ਗਾਵਨ ਗੀਧੇ ਪੋਹਤ ਨਹ ਸੰਸਾਰੁ ॥੧॥ ਰਹਾਉ ॥ ਸ੍ਰਵਣੀ ਕੀਰਤਨੁ ਸਿਮਰਨੁ ਸੁਆਮੀ ਇਹੁ ਸਾਧ ਕੋ ਆਚਾਰੁ ॥ ਚਰਨ ਕਮਲ ਅਸਥਿਤਿ ਰਿਦ ਅੰਤਰਿ ਪੂਜਾ ਪ੍ਰਾਨ ਕੋ ਆਧਾਰੁ ॥੧॥ ਪ੍ਰਭ ਦੀਨ ਦਇਆਲ ਸੁਨਹੁ ਬੇਨੰਤੀ ਕਿਰਪਾ ਅਪਨੀ ਧਾਰੁ ॥ ਨਾਮੁ ਨਿਧਾਨੁ ਉਚਰਉ ਨਿਤ ਰਸਨਾ ਨਾਨਕ ਸਦ ਬਲਿਹਾਰੁ ॥੨॥੭੦॥੯੩॥

ਪਦਅਰਥ:- ਮਨਿ—ਮਨ ਵਿਚ। ਤਨਿ—ਤਨ ਵਿਚ। ਕੋ—ਦਾ। ਬਿਉਹਾਰੁ—ਆਹਰ। ਗੀਧੇ—ਗਿੱਝੇ ਹੋਏ। ਸੰਸਾਰੁ—ਜਗਤ (ਦਾ ਮੋਹ)।1। ਰਹਾਉ।

ਸ੍ਰਵਣੀ—ਕੰਨਾਂ ਨਾਲ। ਆਚਾਰੁ—ਨਿੱਤ ਦੀ ਕਾਰ। ਅਸਥਿਤਿ—ਟਿਕਾਉ। ਰਿਦ—ਹਿਰਦਾ। ਆਧਾਰੁ—ਆਸਰਾ।1।

ਪ੍ਰਭ—ਹੇ ਪ੍ਰਭੂ! ਨਿਧਾਨੁ—ਖ਼ਜ਼ਾਨਾ। ਉਚਰਉ—ਉਚਰਉਂ, ਮੈਂ ਉਚਾਰਦਾ ਰਹਾਂ। ਨਿਤ—ਸਦਾ। ਰਸਨਾ—ਜੀਭ ਨਾਲ। ਸਦ—ਸਦਾ।2।

ਅਰਥ:- ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਹਿਰਦੇ ਵਿਚ (ਸਦਾ) ਪਰਮਾਤਮਾ ਦਾ (ਨਾਮ ਸਿਮਰਨ ਦਾ ਹੀ) ਆਹਰ ਹੈ, ਜਿਹੜੇ ਮਨੁੱਖ ਪ੍ਰਭੂ-ਪ੍ਰੇਮ ਅਤੇ ਹਰਿ-ਭਗਤੀ (ਦੇ ਮਤਵਾਲੇ ਹਨ) ਜੋ ਪ੍ਰਭੂ ਦੇ ਗੁਣ ਗਾਣ ਵਿਚ ਗਿੱਝੇ ਹੋਏ ਹਨ, ਉਹਨਾਂ ਨੂੰ ਜਗਤ (ਦਾ ਮੋਹ) ਪੋਹ ਨਹੀਂ ਸਕਦਾ।1। ਰਹਾਉ।

ਹੇ ਭਾਈ! ਕੰਨਾਂ ਨਾਲ ਮਾਲਕ-ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਨੀ, (ਜੀਭ ਨਾਲ ਮਾਲਕ ਦਾ ਨਾਮ) ਸਿਮਰਨਾ—ਸੰਤ ਜਨਾਂ ਦੀ ਇਹ ਨਿੱਤ ਦੀ ਕਾਰ ਹੋਇਆ ਕਰਦੀ ਹੈ। ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਸਦਾ ਟਿਕਾਉ ਬਣਿਆ ਰਹਿੰਦਾ ਹੈ, ਪ੍ਰਭੂ ਦੀ ਪੂਜਾ-ਭਗਤੀ ਉਹਨਾਂ ਦੇ ਪ੍ਰਾਣਾਂ ਦਾ ਆਸਰਾ ਹੁੰਦਾ ਹੈ।1।

ਹੇ ਨਾਨਕ (ਆਖ—) ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ! (ਮੇਰੀ) ਬੇਨਤੀ ਸੁਣ, (ਮੇਰੇ ਉਤੇ) ਆਪਣੀ ਮਿਹਰ ਕਰ। ਤੇਰਾ ਨਾਮ ਹੀ (ਮੇਰੇ ਵਾਸਤੇ ਸਭ ਪਦਾਰਥਾਂ ਦਾ) ਖ਼ਜ਼ਾਨਾ ਹੈ (ਮਿਹਰ ਕਰ, ਮੈਂ ਇਹ ਨਾਮ) ਜੀਭ ਨਾਲ ਸਦਾ ਉਚਰਦਾ ਰਹਾਂ, ਅਤੇ ਤੈਥੋਂ ਸਦਾ ਸਦਕੇ ਹੁੰਦਾ ਰਹਾਂ।2। 70। 93।